ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਮੋਗਾ

# ਪੰਜਾਬ ਸਰਕਾਰ ਦੀ ਬੁਢਾਪਾ ਪੈਨਸ਼ਨ ਤੇ ਵਿੱਤੀ ਸਹਾਇਤਾ ਸਕੀਮ ਤਹਿਤ ਜ਼ਿਲ੍ਹੇ ਦੇ 77,272 ਲਾਭਪਾਤਰੀਆਂ ਨੂੰ ਵੰਡੀ ਗਈ ਕਰੀਬ 11.54 ਕਰੋੜ ਰੁਪਏ ਦੀ ਰਾਸ਼ੀ-ਦਿਲਰਾਜ ਸਿੰਘ

- **ਲਾਭਪਾਤਰੀਆਂ ਨੂੰ ਬੈਂਕ ਖਾਤਿਆਂ ਰਾਹੀਂ ਕੀਤੀ ਜਾ ਰਹੀ ਹੈ ਪੈਨਸ਼ਨ ਦੀ ਅਦਾਇਗੀ**
- **ਪੈਨਸ਼ਨ ਲਾਭਪਾਤਰੀਆਂ ਦੀ ਪੜਤਾਲ ਦਾ ਕੰਮ ਜੰਗੀ ਪੱਧਰ 'ਤੇ ਜਾਰੀ**

ਮੋਗਾ 11 ਅਗਸਤ :

ਪੰਜਾਬ ਸਰਕਾਰ ਦੀ ਬੁਢਾਪਾ ਪੈਨਸ਼ਨ ਤੇ ਵਿੱਤੀ ਸਹਾਇਤਾ ਸਕੀਮ ਤਹਿਤ ਜ਼ਿਲ੍ਹੇ ਦੇ ਲਾਭਪਾਤਰੀਆਂ ਨੂੰ ਨਵੰਬਰ/ਦਸੰਬਰ, 2016 ਅਤੇ ਜਨਵਰੀ, 2017 ਮਹੀਨੇ ਦੀ ਪੈਨਸ਼ਨ ਦੀ 11 ਕਰੋੜ 53 ਲੱਖ 63 ਹਜ਼ਾਰ ਰੁਪਏ ਦੀ ਰਾਸ਼ੀ ਵੰਡੀ ਜਾ ਚੁੱਕੀ ਹੈ।

ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਮੋਗਾ ਸ. ਦਿਲਰਾਜ ਸਿੰਘ ਆਈ.ਏ.ਐਸ ਨੇ ਦੱਸਿਆ ਕਿ ਮਹੀਨਾ ਨਵੰਬਰ ਤੇ ਦਸੰਬਰ, 2016 ਦੇ 76,727 ਲਾਭਪਾਤਰੀਆਂ ਅਤੇ ਜਨਵਰੀ, 2017 ਦੇ 77,272 ਲਾਭਪਾਤਰੀਆਂ ਨੂੰ ਇਹ ਰਾਸ਼ੀ ਵੰਡੀ ਗਈ ਹੈ। ਇਸ ਮੌਕੇ ਉਨ੍ਹਾਂ ਨਾਲ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਗੁਲਬਰਗ ਲਾਲ ਵੀ ਮੌਜੂਦ ਸਨ।

ਸ. ਦਿਲਰਾਜ ਸਿੰਘ ਨੇ ਦੱਸਿਆ ਕਿ ਇਸ ਸਮੇਂ ਜ਼ਿਲ੍ਹੇ ਵਿੱਚ ਬੁਢਾਪਾ, ਵਿਧਵਾ, ਅਪੰਗ ਅਤੇ ਆਸ਼ਰਿਤ ਬੱਚਿਆਂ ਨੂੰ ਦਿੱਤੀ ਜਾ ਰਹੀ ਪੈਨਸ਼ਨ ਸਕੀਮ ਤਹਿਤ ਕੁੱਲ 78,818 ਲਾਭਪਾਤਰੀ ਹਨ। ਇੰਨ੍ਹਾਂ ਲਾਭਪਾਤਰੀਆਂ ਵਿੱਚ ਪੇਂਡੂ ਖੇਤਰ ਦੇ 64,522 ਅਤੇ ਸ਼ਹਿਰੀ ਖੇਤਰ ਦੇ 14,296 ਲਾਭਪਾਤਰੀ ਸ਼ਾਮਿਲ ਹਨ। ਉਨ੍ਹਾਂ ਦੱਸਿਆ ਕਿ ਇੰਨ੍ਹਾਂ ਲਾਭਪਾਤਰੀਆਂ ਵਿੱਚੋਂ 54,937 ਬਜ਼ੁਰਗ ਲਾਭਪਾਤਰੀ, 12,760 ਵਿਧਵਾ ਲਾਭਪਾਤਰੀ, 4,180 ਆਸ਼ਰਿਤ ਲਾਭਪਾਤਰੀ ਅਤੇ 6,941 ਅਪੰਗ ਲਾਭਪਾਤਰੀ ਹਨ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪੈਨਸ਼ਨ ਸਕੀਮ ਤਹਿਤ ਮਹੀਨਾ ਨਵੰਬਰ, 2016 ਤੋਂ ਪੈਨਸ਼ਨ ਦੀ ਰਾਸ਼ੀ ਦੀ ਅਦਾਇਗੀ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਰਾਹੀਂ ਕਰਨ ਦਾ ਫੈਲਿਆ ਗਿਆ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪੈਨਸ਼ਨ ਲਾਭਪਾਤਰੀਆਂ ਦੇ ਯੋਗ ਉਮੀਦਵਾਰਾਂ ਲਈ ਇੱਕ ਵੱਡਾ ਫ਼ੈਸਲਾ ਲੈਂਦਿਆਂ ਲਾਭਪਾਤਰੀਆਂ ਦੀ ਪੜਤਾਲ ਕਰਵਾਈ ਜਾ ਰਹੀ ਹੈ ਅਤੇ ਜ਼ਿਲ੍ਹਾ ਮੋਗਾ 'ਚ ਲਾਭਪਾਤਰੀਆਂ ਦੀ ਪੜਤਾਲ ਪ੍ਰਕਿਰਿਆ ਜੰਗੀ ਪੱਧਰ 'ਤੇ ਕੀਤੀ ਜਾ ਰਹੀ ਹੈ।

ਡਿਪਟੀ ਕਮਿਸ਼ਨਰ ਨੇ ਅੱਗੇ ਦੱਸਿਆ ਕਿ ਇਸ ਤੋਂ ਇਲਾਵਾ ਇੰਦਰਾ ਗਾਂਧੀ ਨੈਸ਼ਨਲ ਸਕੀਮ ਤਹਿਤ ਗਰੀਬੀ ਰੇਖਾ ਤੋਂ ਹੇਠਾਂ ਰਹਿ ਰਹੇ ਪ੍ਰੀਵਾਰਾਂ ਦੇ 5,660 ਲਾਭਪਾਤਰੀਆਂ ਨੂੰ 19 ਲੱਖ 06 ਹਜ਼ਾਰ 500 ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਮਹੀਨਾ ਜੁਲਾਈ, 2017 ਦੌਰਾਨ 336 ਅੰਗਹੀਣ ਵਿਅਕਤੀਆਂ ਨੂੰ ਸ਼ਨਾਖਤੀ ਕਾਰਡ ਜਾਰੀ ਕੀਤੇ ਗਏ ਅਤੇ 145 ਵਿਅਕਤੀਆਂ ਨੂੰ ਸੀਨੀਅਰ ਨਾਗਰਿਤਾ ਦੇ ਕਾਰਡ ਮੁਹੱਈਆ ਕਰਵਾਏ ਗਏ।

---

ਨੰ: ਪੀ.ਆਰ(ਪ੍ਰੈ ਰੀ)2017/436